**ਕਿਨਹੀ ਬਨਜਿਆ ਕਾਂਸੀ ਤਾਂਬਾ ਕਿਨਹੀ ਲਉਗ ਸੁਪਾਰੀ ॥ ਸੰਤਹੁ ਬਨਜਿਆ ਨਾਮੁ ਗੋਬਿਦ ਕਾ ਐਸੀ ਖੇਪ ਹਮਾਰੀ ॥੧॥ ਹਰਿ ਕੇ ਨਾਮ ਕੇ ਬਿਆਪਾਰੀ ॥ ਹੀਰਾ ਹਾਥਿ ਚੜਿਆ ਨਿਰਮੋਲਕੁ ਛੂਟਿ ਗਈ ਸੰਸਾਰੀ ॥੧॥ ਰਹਾਉ ॥ ਸਾਚੇ ਲਾਏ ਤਉ ਸਚ ਲਾਗੇ ਸਾਚੇ ਕੇ ਬਿਉਹਾਰੀ ॥ ਸਾਚੀ ਬਸਤੁ ਕੇ ਭਾਰ ਚਲਾਏ ਪਹੁਚੇ ਜਾਇ ਭੰਡਾਰੀ ॥ ੨॥ ਆਪਹਿ ਰਤਨ ਜਵਾਹਰ ਮਾਨਿਕ ਆਪੈ ਹੈ ਪਾਸਾਰੀ ॥ ਆਪੈ ਦਹ ਦਿਸ ਆਪ ਚਲਾਵੈ ਨਿਹਚਲੁ ਹੈ ਬਿਆਪਾਰੀ ॥੩॥ ਮਨੁ ਕਰਿ ਬੈਲੁ ਸੁਰਤਿ ਕਰਿ ਪੈਡਾ ਗਿਆਨ ਗੋਨਿ ਭਰਿ ਡਾਰੀ ॥ ਕਹਤੁ ਕਬੀਰੁ ਸੁਨਹੁ ਰੇ ਸੰਤਹੁ ਨਿਬਹੀ ਖੇਪ ਹਮਾਰੀ ॥੪॥੨॥** {ਪੰਨਾ 1123}

ਪਦਅਰਥ:- ਬਨਜਿਆ—ਵਣਜ ਕੀਤਾ। ਸੰਤਹੁ—ਸੰਤਾਂ ਨੇ। ਖੇਪ—ਸੌਦਾ।1।

ਬਿਆਪਾਰੀ—ਵਪਾਰੀ। ਹਾਥਿ ਚੜਿਆ—ਲੱਭ ਪਿਆ। ਸੰਸਾਰੀ—ਸੰਸਾਰ ਵਿਚ ਗ੍ਰਸੇ ਰਹਿਣ ਵਾਲੀ ਸੁਰਤ।1। ਰਾਹਉ।

ਬਿਉਹਾਰੀ—ਵਪਾਰੀ। ਚਲਾਏ—ਲੱਦ ਲਏ। ਭੰਡਾਰੀ—(ਰੱਬੀ) ਖ਼ਜ਼ਾਨੇ ਵਿਚ।2।

ਆਪਹਿ—ਪ੍ਰਭੂ ਆਪ ਹੀ। ਪਾਸਾਰੀ—ਪਸਾਰੀ, ਸੌਦਾ ਵੇਚਣ ਵਾਲਾ। ਦਹਦਿਸ—ਦਸੀਂ ਪਾਸੀਂ। ਨਿਹਚਲੁ—ਸਦਾ-ਥਿਰ ਰਹਿਣ ਵਾਲਾ।3।

ਸੁਰਤਿ—(ਪ੍ਰਭੂ-ਚਰਨਾਂ ਵਿਚ ਜੁੜੀ ਹੋਈ) ਸੁਰਤ। ਗੋਨਿ—ਛੱਟ। ਭਰਿ ਡਾਰੀ—ਭਰ ਲਈ। ਨਿਬਹੀ—ਤੋੜ ਪਹੁੰਚ ਗਈ ਹੈ।4।

ਅਰਥ:- ਕਈ ਲੋਕ ਕੈਂਹ ਤਾਂਬੇ ਆਦਿਕ ਦਾ ਵਣਜ ਕਰਦੇ ਹਨ, ਕਈ ਲੌਂਗ ਸੁਪਾਰੀ ਆਦਿਕ ਵਣਜਦੇ ਹਨ। ਪ੍ਰਭੂ ਦੇ ਸੰਤਾਂ ਨੇ ਪਰਮਾਤਮਾ ਦਾ ਨਾਮ ਵਣਜਿਆ ਹੈ; ਮੈਂ ਭੀ ਇਹੀ ਸੌਦਾ ਲੱਦਿਆ ਹੈ।1।

ਜੋ ਮਨੁੱਖ ਪ੍ਰਭੂ ਦੇ ਨਾਮ ਦਾ ਵਣਜ ਕਰਦੇ ਹਨ, ਉਹਨਾਂ ਨੂੰ ਪ੍ਰਭੂ ਦਾ ਨਾਮ-ਰੂਪ ਅਮੋਲਕ ਹੀਰਾ ਲੱਭ ਪੈਂਦਾ ਹੈ। ਤੇ, ਉਹਨਾਂ ਦੀ ਉਹ ਬਿਰਤੀ ਮੁੱਕ ਜਾਂਦੀ ਹੈ, ਜੋ ਸਦਾ ਸੰਸਾਰ ਵਿਚ ਹੀ ਜੋੜੀ ਰੱਖਦੀ ਹੈ।1। ਰਹਾਉ।

ਸੱਚੇ ਨਾਮ ਦਾ ਵਪਾਰ ਕਰਨ ਵਾਲੇ ਬੰਦੇ ਤਦੋਂ ਹੀ ਸੱਚੇ ਨਾਮ ਵਿਚ ਲੱਗਦੇ ਹਨ, ਜਦੋਂ ਪ੍ਰਭੂ ਆਪ ਉਹਨਾਂ ਨੂੰ ਇਸ ਵਣਜ ਵਿਚ ਲਾਂਦਾ ਹੈ। ਉਹ ਮਨੁੱਖ ਇਸ ਸਦਾ-ਥਿਰ ਰਹਿਣ ਵਾਲੀ ਨਾਮ ਵਸਤ ਦੇ ਲੱਦੇ ਲੱਦ ਤੁਰਦੇ ਹਨ, ਤੇ ਪ੍ਰਭੂ ਦੀ ਹਜ਼ੂਰੀ ਵਿਚ ਜਾ ਅੱਪੜਦੇ ਹਨ।2।

ਪ੍ਰਭੂ ਆਪ ਹੀ ਰਤਨ ਹੈ, ਆਪ ਹੀ ਹੀਰਾ ਹੈ, ਆਪ ਹੀ ਮੋਤੀ ਹੈ, ਉਹ ਆਪ ਹੀ ਇਸ ਦਾ ਹੱਟ ਚਲਾ ਰਿਹਾ ਹੈ; ਉਹ ਆਪ ਹੀ ਸਦਾ-ਥਿਰ ਰਹਿਣ ਵਾਲਾ ਸੌਦਾਗਰ ਹੈ, ਉਹ ਆਪ ਹੀ ਜੀਵ-ਵਣਜਾਰਿਆਂ ਨੂੰ (ਜਗਤ ਵਿਚ) ਦਸੀਂ ਪਾਸੀਂ ਤੋਰ ਰਿਹਾ ਹੈ।3।

ਕਬੀਰ ਆਖਦਾ ਹੈ—ਹੇ ਸੰਤ ਜਨੋ! ਸੁਣੋ, ਮੇਰਾ ਵਣਜਿਆ ਹੋਇਆ ਨਾਮ-ਵੱਖਰ ਬੜਾ ਲਾਹੇ-ਵੰਦਾ ਹੋਇਆ ਹੈ। ਮੈਂ ਆਪਣੇ ਮਨ ਨੂੰ ਬਲਦ ਬਣਾ ਕੇ, (ਪ੍ਰਭੂ-ਚਰਨਾਂ ਵਿਚ ਜੁੜੀ ਆਪਣੀ) ਸੁਰਤ ਦੀ ਰਾਹੀਂ ਜੀਵਨ-ਪੰਧ ਤੁਰ ਕੇ (ਗੁਰੂ ਦੇ ਦੱਸੇ) ਗਿਆਨ ਦੀ ਛੱਟ ਭਰ ਲਈ ਹੈ।4।2।

ਸ਼ਬਦ ਦਾ ਭਾਵ:- ਸੰਤ ਦਾ ਕਰਤੱਬ—ਸੰਸਾਰ ਵਲ ਸਦਾ ਦੌੜਦੀ ਸੁਰਤ ਪ੍ਰਭੂ ਵਿਚ ਟਿਕ ਜਾਂਦੀ ਹੈ। ਜਿਵੇਂ ਦੁਨੀਆਦਾਰ ਮਾਇਕ ਵਣਜ-ਵਪਾਰ ਵਾਸਤੇ ਤਨੋਂ ਮਨੋਂ ਦੌੜ-ਭੱਜ ਕਰਦਾ ਹੈ, ਤਿਵੇਂ ਪ੍ਰਭੂ-ਚਰਨਾਂ ਵਿਚ ਜੁੜਿਆ ਬੰਦਾ ਪ੍ਰਭੂ-ਪ੍ਰੀਤ ਨੂੰ ਹੀ ਆਪਣੇ ਜੀਵਨ ਦਾ ਨਿਸ਼ਾਨਾ ਸਮਝਦਾ ਹੈ।